# ਯਿਸੂ ਦੇ ਚਮਤਕਾਰ




ਦੁਆਰਾ ਲਿਖਿਆ ਗਿਆ : Edward Hughes

ਦੁਆਰਾ ਦਿੱਤੀਆਂ ਗਈਆਂ ਉਦਾਹਰਣਾਂ : Byron Unger; Lazarus Alastair Paterson

ਦੁਆਰਾ ਕੀਤਾ ਗਿਆ ਅਨੁਵਾਦ : Rev. Tasveer ull haque

ਦੁਆਰਾ ਬਦਲਿਆ ਗਿਆ : E. Frischbutter; Sarah S.


ਕਹਾਣੀ 40 ਤੋ 60


**M1914.org**

**Bible for Children, PO Box 3, Winnipeg MB  R3C 2G1  Canada**



ਆਗਿਆ ਦੇਣ.ੀ : ਜਦ ਤੱਕ ਤੁਸੀ ਇਸ ਨੂੰ ਵੇਚਦੇ ਨਹੀ ਤਦ ਤੱਕ ਤੁਹਾਨੂੰ ਅਧਿਕਾਰ ਹੈ ਕਿ ਤੁਸੀ ਇਸ ਕਹਾਣੀ ਨੂੰ ਛਾਪ ਸਕ ਜਾ ਇਸ ਦੀ ਨਕਲ ਉਤਾਰ ਸਕ।


ਯਿਸੂ ਨੇ ਬਹੁਤ ਚਮਤਕਾਰ ਕੀਤੇ। ਚਮਤਕਾਰ ਇਹ ਵਿਖਾਉਣ ਲਈ ਸਨ ਕੀ ਯਿਸੂ ਸੱਚ - ਮੁੱਚ ਪਰਮੇਸ਼ਵਰ ਦਾ ਪੁੱਤਰ ਹੈ। ਪਹਿਲਾ ਚਮਤਕਾਰ ਸ਼ਾਦੀ ਸਮਾਰੋਹ ਵਿੱਚ ਹੋਇਆ। ਇੱਕ ਪਰੇਸ਼ਾਨੀ ਆਈ। ਉੱਥੇ ਸਾਰਿਆਂ ਲਈ ਬਥੇਰੀ ਮੈ ਨਹੀ ਸੀ।



1

ਯਿਸੂ ਦੀ ਮਾਤਾ, ਮਰੀਯਮ ਨੇ, ਉਸ ਨੂੰ ਪਰੇਸ਼ਾਨੀ ਦੇ ਬਾਰੇ ਦੱਸਿਆ, ਤਦ ਨੌਕਰਾਂ ਨੂੰ ਆਖਿਆ ਜਿਵੇਂ ਯਿਸੂ ਹੁਕਮ ਦੇਵੇ ਓਵੇਂ ਹੀ ਕਰਨਾ।



2

19

20

21

22

23

ਪਰਮੇਸ਼ਵਰ ਜਾਣਦਾ ਹੈ ਕਿ ਅਸੀ ਬੁਰੇ ਕੰਮ ਕੀਤੇ ਹਨ ਜਿਸ ਨੂੰ ਉਹ ਪਾਪ ਕਹਿੰਦਾ ਹੈ।ਪਾਪ ਦੀ ਮਜ਼ਦੂਰੀ ਮੌਤ ਹੈ।

ਪਰਮੇਸ਼ਵਰ ਨੇ ਸਾਨੂੰ ਇਹੋ ਜਿਹਾ ਪਿਆਰ ਕੀਤਾ ਕਿ ਉਸਨੇ ਆਪਣਾ ਪੁੱਤਰ ਭੇਜ਼ ਦਿੱਤਾ ਕਿ ਯਿਸੂ ਸਲੀਬ ਤੇ ਆਪਣੀ ਜਾਨ ਕੁਰਬਾਨ ਕਰੇ ਅਤੇ ਸਾਡਾ ਜੁਰਮਾਨਾਂ ਭਰੇ।ਯਿਸੂ ਮਸੀਹ ਜਿੰਦਾ ਹੋ਼ਏ ਅਤੇ ਵਾਪਿਸ ਸਵਰਗ ਨੂੰ ਚਲੇ ਗਏ।ਹੁਣ ਪਰਮੇਸ਼ਵਰ ਸਾਡੇ ਗੁਨਾਹਾ ਨੂੰ ਮੁਆਫ਼ ਕਰ ਸਕਦਾ ਹੈ।

ਜ਼ੇਕਰ ਤੁਸੀ ਆਪਣੇ ਪਾਪਾਂ ਤੋ ਮੁੜਨਾ ਚਾਹੁੰਦੇ ਹੋ ਤਾਂ ਪਰਮੇਸ਼ਵਰ ਨੂੰ ਆਖੋ : ਪਿਆਰੇ ਪਰਮੇਸ਼ਵਰ ਮੈ ਵਿਸ਼ਵਾਸ਼ ਕਰਦਾਂ ਹਾਂ ਕਿ ਯਿਸੂ ਮੇਰੇ ਲਈ ਮਰਿਆਂ ਅਤੇ ਹੁਣ ਜਿੰਦਾਂ ਹੈ। ਕਿਰਪਾ ਕਰਕੇ ਮੇਰੇ ਜੀਵਨ ਵਿੱਚ ਆਓ ਅਤੇ ਮੇਰੇ ਗੁਨਾਹਾਂ ਨੂੰ ਮੁਆਫ਼ ਕਰੋ। ਤਾਂ ਜੋ ਹੁਣ ਮੈ ਨਵਾਂ ਜੀਵਨ ਪਾਵਾਂ ਅਤੇ ਤੁਹਾਡੇ ਨਾਲ ਹਮੇਸ਼ਾਂ ਲਈ ਰਹਾਂ। ਮੇਰੀ ਮਦਦ ਕਰੋ ਕਿ ਮੈ ਤੁਹਾਡੇ ਲਈ ਜੀਵਾਂ ਤੁਹਾਡਾ ਬੱਚਾਂ ਬਣ ਕੇ, ਆਮੀਨ। ਯਹੂੰਨਾ ਦੀ ਇੰਜ਼ੀਲ 3:16

ਬਾਈਬਲ ਨੂੰ ਪੜੋ ਅਤੇ ਪਰਮੇਸ਼ਵਰ ਨਾਲ ਹਰ ਰੋਜ਼ ਗੱਲ ਬਾਤ ਕਰੋ।

ਪੰਜ਼ਾਬੀ — Punjabi Gurmukhi

ਯਿਸੂ ਨੇ ਆਖਿਆ, “ਇਹਨਾਂ ਘੜਿਆਂ ਨੂੰ ਪਾਣੀ ਨਾਲ ਭਰ ਦਿਓ।” ਸ਼ਾਇਦ ਉਹਨਾਂ ਨੇ ਪੁੱਛਿਆ ਹੋਣਾ, “ਪਾਣੀ ਨਾਲ?” ਜੀ ਹਾਂ, ਉਹ ਪਾਣੀ ਹੀ ਸੀ ਜਿਸ ਲਈ ਯਿਸੂ ਨੇ ਬੇਨਤੀ ਕੀਤੀ ਸੀ।



3

ਯਿਸੂ ਨੇ ਇੱਕ ਨੌਕਰ ਨੂੰ ਆਖਿਆ ਕੇ ਇੱਕ ਵੱਡੇ ਘੜੇ ਵਿੱਚੋਂ ਲੈ ਅਤੇ ਆਪਣੇ ਸਰਦਾਰ ਨੂੰ ਇਸ ਦਾ ਸਵਾਦ ਚੱਖਣ ਲਈ ਦੇਹ। ਪਾਣੀ ਹੁਣ ਮੈਹ ਬਣ ਗਿਆ ਸੀ! ਅੱਛੀ ਮੈਹ! ਬਹੁਤ ਅੱਛੀ ਮੈਹ!



4

ਨੌਕਰ ਹੈਰਾਨ ਸਨ। ਯਿਸੂ ਨੇ ਪਾਣੀ ਨੂੰ ਮੈਹ ਵਿੱਚ ਬਦਲ ਦਿੱਤਾ ਸੀ। ਸਿਰਫ ਪਰਮੇਸ਼ਵਰ ਹੀ ਇਹੋ ਜਿਹੇ ਚਮਤਕਾਰ ਕਰ ਸਕਦਾ ਸੀ।



5

ਯਿਸੂ ਨੇ ਹੋਰ ਚਮਤਕਾਰ ਕੀਤੇ। ਇੱਕ ਸ਼ਾਮ ਉਹ ਅਤੇ ਉਸਦੇ ਚੇਲੇ ਪਤਰਸ ਦੇ ਘਰ ਗਏ। ਪਤਰਸ ਦੀ ਸੱਸ ਬੁਖ਼ਾਰ ਨਾਲ ਬਹੁਤ ਬੀਮਾਰ ਸੀ।



6

ਯਿਸੂ ਨੇ ਬਿਮਾਰ ਔਰਤ ਦੇ ਹੱਥ ਨੂੰ ਛੂਹਿਆ। ਉਸੇ ਘੜੀ ਉਹ ਫਿਰ ਚੰਗੀ ਹੋ ਗਈ। ਉਹ ਯਿਸੂ ਅਤੇ ਉਹਦੇ ਚੇਲਿਆਂ ਦੀ ਸੇਵਾ ਲਈ ਖੜੀ ਹੋ ਗਈ।



7

ਉਸ ਸ਼ਾਮ ਸਾਰਾ ਸ਼ਹਿਰ ਉਸਦੇ ਦਰਵਾਜੇ ਤੇ ਇਕੱਠਾ ਹੋਇਆ ਲੱਗ ਰਿਹਾ ਸੀ। ਬਿਮਾਰ, ਅੰਨ੍ਹੇ, ਬੋਲੇ, ਗੂੰਗੇ ਅਤੇ ਕੋਹੜੀ ਲੋਕ ਆਏ। ਯਿਸੂ ਦੇ ਕੋਲ ਉਹ ਲੋਕ ਵੀ ਭੀੜ ਨਾਲ ਆਏ ਜਿਹਨਾਂ ਵਿੱਚ ਭੂਤਾਂ ਪਰੇਤਾਂ ਰਹਿੰਦੀਆਂ ਸਨ।



8

ਯਿਸੂ, ਪਰਮੇਸ਼ਵਰ ਦਾ ਪੁੱਤਰ, ਮਦਦ ਕਰ ਸਕਦਾ ਸੀ। ਯਿਸੂ ਨੇ ਮਦਦ ਕੀਤੀ। ਸਾਰੇ ਜਿਹੜੇ ਉਸ ਕੋਲ ਆਏ ਚੰਗੇ ਹੋ ਗਏ। ਜਿਹੜੇ ਲੋਕ ਜਿੰਦਗੀ ਵਿੱਚ ਘਸੀਟ ਕੇ ਜਾਂ ਬੈਸਾਖੀਆਂ ਦੁਆਰਾ ਚੱਲਦੇ ਸਨ ਹੁਣ ਉਹ ਤੁਰ ਸਕਦੇ,ਭੱਜ ਸਕਦੇ ਅਤੇ ਛਾਲਾਂ ਮਾਰ ਸਕਦੇ ਸਨ।



9

ਹੋਰ ਆਏ, ਜਿਹੜੇ ਕੁੜ ਨਾਲ ਬਦਸੂਰਤ ਬਣ ਗਏ ਸਨ।



10

ਉਹ ਤੰਦਰੁਸਤ ਅਤੇ ਸਾਫ ਹੋ ਗਏ ਜਿਓਂ ਹੀ ਯਿਸੂ ਨੇ ਉਹਨਾਂ ਨੂੰ ਚੰਗਾ ਕੀਤਾ।



11

ਭੂਤਾਂ ਪਰੇਤਾਂ ਨਾਲ ਪਰੇਸ਼ਾਨ ਆਦਮੀ ਅਤੇ ਔਰਤ ਯਿਸੂ ਦੇ ਸਾਹਮਣੇ ਖੜ੍ਹੇ ਹੋਏ। ਉਸਨੇ ਭੂਤਾਂ ਪਰੇਤਾਂ ਨੂੰ ਹੁਕਮ ਦਿੱਤਾ ਜੋ ਉਹਨਾਂ ਨੂੰ ਛੱਡ ਕੇ ਚਲੇ ਜਾਣ। ਜਿਵੇਂ ਹੀ ਭੂਤਾਂ ਪਰੇਤਾਂ ਨੇ ਡਰਦੇ ਹੋਏ ਆਗਿਆ ਮੰਨੀ, ਦੁਖੀ ਲੋਕ ਨੇ ਸ਼ਾਂਤੀ ਪਾਈ ਅਤੇ ਖੁਸ਼ੀ ਮਨਾਉਣ ਲੱਗੇ।



12

ਭੀੜ ਦੇ ਪਿੱਛੇ, ਚਾਰ ਮਨੁੱਖਾਂ ਨੇ ਆਪਣੇ ਮਿੱਤਰ ਨੂੰ ਯਿਸੂ ਦੇ ਕੋਲ ਪਹੁੰਚਾਉਣ ਦੀ ਕੋਸ਼ੀਸ਼ ਕੀਤੀ। ਪਰ ਉਹ ਨੇੜੇ ਨਾਂ ਜਾ ਸਕੇ। ਉਹ ਕੀ ਕਰਨਗੇ?



13

ਬੀਮਾਰ ਮਨੁੱਖ ਨੂੰ ਘਰ ਦੀ ਛੱਤ ਤੇ ਲਿਜਾ ਕੇ, ਚਾਰ ਵਿਸ਼ਵਾਸ਼ ਯੋਗ ਮਿੱਤਰਾਂ ਨੇ ਛੱਤ ਨੂੰ ਖ੍ਹੋਲ ਕੇ ਉਸਨੂੰ ਥੱਲੇ ਲਟਕਾ ਦਿੱਤਾ। ਹੁਣ ਉਹ ਯਿਸੂ ਦੇ ਨੇੜੇ ਸੀ।



14

ਯਿਸੂ ਨੇ ਵੇਖਿਆ ਕੇ ਚਾਰ ਮਿੱਤਰਾਂ ਨੂੰ ਵਿਸ਼ਵਾਸ਼ ਹੈ। ਉਸਨੇ ਬਿਮਾਰ ਮਨੁੱਖ ਨੂੰ ਆਖਿਆ, “ਤੇਰੇ ਗ਼ੁਨਾਹ ਮਾਫ ਹੋਏ। ਆਪਣਾ ਬਿਸਤਰ ਚੁੱਕ ਅਤੇ ਚੱਲ ਫਿਰ।” ਮਨੁੱਖ ਚੰਗਿਆਈ ਅਤੇ ਤਾਕਤ ਨਾਲ ਖੜਾ ਹੋ ਗਿਆ। ਯਿਸੂ ਨੇ ਉਸ ਨੂੰ ਚੰਗਾ ਕਰ ਦਿੱਤਾ।



15

ਉਸਦੇ ਤੁਰੰਤ ਬਾਅਦ, ਯਿਸੂ ਆਪਣੇ ਚੇਲਿਆਂ ਨਾਲ ਬੇੜੀ ਵਿੱਚ ਸੀ। ਇੱਕ ਭਿਆਨਕ ਤੂਫ਼ਾਨ ਨੇ ਸਮੁੰਦਰ ਵਿੱਚ ਮੰਥਨ ਖੜਾ ਕਰ ਦਿੱਤਾ। ਯਿਸੂ ਸੌਂ ਰਿਹਾ ਸੀ। ਡਰੇ ਹੋਏ ਚੇਲਿਆਂ ਨੇ ਉਸਨੂੰ ਉਠਾਇਆ। ਉਹ ਚਿਲਾਏ, “ਗੁਰੂ ਜੀ, ਸਾਨੂੰ ਬਚਾਉ।” “ਅਸੀ ਨਾਸ਼ ਹੋ ਰਹੇ ਹਾਂ!”



16

ਯਿਸੂ ਨੇ ਲਹਿਰਾਂ ਨੂੰ ਹੁਕਮ ਦਿੱਤਾ, “ਰੁਕ ਜਾਉ।” ਤੁਰੰਤ ਹੀ ਸਮੁੰਦਰ ਸ਼ਾਂਤ ਹੋ ਗਿਆ। “ਇਹ ਕਿਸ ਤ੍ਰਾਂ ਦਾ ਮਨੁੱਖ ਹੈ?” ਉਸਦੇ ਚੇਲੇ ਬੁੜਬੁੜਾਉਣ ਲੱਗੇ। ਇੱਥੋਂ ਤੱਕ ਸਮੁੰਦਰ ਅਤੇ ਹਵਾ ਵੀ ਉਸਦੀ ਆਗਿਆ ਮੰਨਦੇ ਹਨ। ਉਹਨਾਂ ਨੇ ਵਿਸ਼ਵਾਸ਼ ਕੀਤਾ ਕੇ ਯਿਸੂ ਪਰਮੇਸ਼ਵਰ ਦਾ ਪੁੱਤਰ ਹੈ ਕਿਉਂਕਿ ਉਸਦੇ ਚਮਤਕਾਰ ਉਸਦੀ ਮਹਿਮਾ ਵਿਖਾਉਂਦੇ ਸਨ।ਚੇਲੇ ਇਹ ਨਹੀਂ ਜਾਣਦੇ ਸਨ, ਪਰ ਜਿਵੇਂ ਉਸਦੀ ਮਨੁੱਖਾਂ ਵਿੱਚ ਪਰਮੇਸ਼ਵਰ ਦੀ ਸੇਵਾ ਸੀ ਉਹ ਉਸਨੂੰ ਮਹਾਨ ਚਮਤਕਾਰ ਕਰਦੇ ਵੇਖਣ ਜਾ ਰਹੇ ਸੀ।



17

ਯਿਸੂ ਦੇ ਚਮਤਕਾਰ

ਇਹ ਕਹਾਣੀ ਪਰਮੇਸ਼ਵਰ ਦਾ ਵਚਨ, ਜੋ ਬਾਈਬਲ ਹੈ

ਇਹ ਪਾਈ ਜਾਂਦੀ ਹੈ

ਮੱਤੀ ਦੀ ਇੰਜੀਲ 8 – 9, ਮਰਕੁਸ ਦੀ ਇੰਜੀਲ 4, ਲੂਕਾ ਦੀ ਇੰਜੀਲ 4, ਲੂਕਾ ਦੀ ਇੰਜੀਲ 8, ਯਹੂਨਾ ਦੀ ਇੰਜੀਲ 2

ਸ਼ਬਦਾ ਦੇ ਪਰਵੇਸ਼ ਦੁਆਰਾ ਰੋਸ਼ਨੀ ਮਿਲਦੀ ਹੈ।
ਜ਼ਬੂਰਾਂ ਦੀ ਪੋਥੀ 119:130

18